# ਡਾਇਰੈਕਟਰ ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ।

ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਫੇਸ-3ਬੀ-1, ਮੋਹਾਲੀ।

## ਪਬਲਿਕ ਨੋਟਿਸ

ਸਿੱਖਿਆ ਭਰਤੀ ਡਾਇਰੈਕਟੋਰੇਟ ਵੱਲੋਂ ਮਾਸਟਰ ਕਾਡਰ ਦੇ ਸਮਾਜਿਕ ਸਿੱਖਿਆ, ਮੈਥ, ਸਾਇੰਸ, ਅੰਗਰੇਜੀ, ਪੰਜਾਬੀ ਅਤੇ ਹਿੰਦੀ ਵਿਸਿਆਂ ਦੀਆਂ 3582 ਅਸਾਮੀਆਂ ਨੂੰ ਭਰਨ ਸਬੰਧੀ ਮਿਤੀ 10-09-2017 ਨੂੰ ਯੋਗ ਉਮੀਦਵਾਰਾਂ ਪਾਸੋਂ ਆਨ ਲਾਈਨ ਅਰਜੀਆਂ ਦੀ ਮੰਗ ਕੀਤੀ ਗਈ ਸੀ। ਜਿਸ ਦੀ ਅਪਲਾਈ ਕਰਨ ਦੀ ਆਖਰੀ ਮਿਤੀ 06-10-2017 ਹੈ। ਇਹ ਮਿਤੀ ਹੁਣ 22-10-2017 ਤੱਕ ਵਧਾਈ ਜਾਂਦੀ ਹੈ ਪਰੰਤੂ ਕੁੱਝ ਉਮੀਦਵਾਰਾਂ ਵੱਲੋਂ ਮਾਨਯੋਗ ਹਾਈਕੋਰਟ ਵਿਚ ਸਿਵਲ ਰਿਟ ਪਟੀਸ਼ਨਾਂ ਦਾਇਰ ਕੀਤੀਆਂ ਗਈਆਂ ਸਨ, ਜਿਸ ਤੇ ਮਾਨਯੋਗ ਹਾਈ ਕੋਰਟ ਨੇ 2011 ਅਤੇ 2016 ਦਾ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ ਰੀਵਾਈਜ਼ ਕਰਨ ਦੇ ਹੁਕਮ ਦਿੱਤੇ ਸਨ। ਜਿਹਨਾ ਉਮੀਦਵਾਰਾਂ ਨੂੰ 2011 ਅਤੇ 2016 ਵਿੱਚ ਲਏ ਗਏ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-II ਵਿੱਚੋਂ ਨੰਬਰ ਵਧਣ ਦੀ ਉਮੀਦ ਹੈ, ਉਹਨਾਂ ਉਮੀਦਵਾਰਾਂ ਨੂੰ ਵੀ ਵਿਭਾਗ ਦੀ ਵੈੱਬਸਾਈਟ www.educationrecruitmentboard.com ਤੇ ਮਿਤੀ 22-10-2017 ਤੱਕ ਅਪਲਾਈ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਕਾਊਂਸਲਿੰਗ ਸਮੇਂ ਤੱਕ ਜਿਹੜੇ ਉਮੀਦਵਾਰ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-II ਨੰਬਰ ਵਧਣ ਕਾਰਨ ਪਾਸ ਨਹੀਂ ਕਰ ਸਕਣਗੇ, ਉਹਨਾਂ ਉਮੀਦਵਾਰਾਂ ਦੀ ਪਾਤਰਤਾ ਰੱਦ ਕਰ ਦਿੱਤੀ ਜਾਵੇਗੀ। ਉਮੀਦਵਾਰ ਮਿਤੀ: 22-10-2017 ਤੱਕ ਅਪਲਾਈ ਕਰ ਸਕਦੇ ਹਨ ਅਤੇ ਬੈਂਕ ਵਿੱਚ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ: 25-10-2017 ਹੈ। ਉਮੀਦਵਾਰ ਆਪਣੀ ਫੀਸ ਬੈਂਕ ਚਲਾਨ ਰਾਹੀਂ ਹੀ ਭਰ ਸਕਦੇ ਹਨ। ਇਹ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਭਵਿੱਖ ਵਿੱਚ ਉਹਨ੍ਹਾਂ ਦੇ ਟੈੱਟ ਦੇ ਨੰਬਰਾਂ ਵਿੱਚ ਵਾਧਾ ਨਹੀਂ ਹੁੰਦਾ ਅਤੇ ਉਹ ਫੇਲ ਹੋ ਜਾਂਦੇ ਹਨ ਤਾਂ ਉਹਨਾਂ ਉਮੀਦਵਾਰਾਂ ਦੀ ਫੀਸ ਕਿਸੇ ਵੀ ਹਾਲਤ ਵਿੱਚ ਵਾਪਸ ਨਹੀਂ ਕੀਤੀ ਜਾਵੇਗੀ।

6/10/17

ਡਾਇਰੈਕਟਰ

ਸਿੱਖਿਆ ਭਰਤੀ ਡਾਇਰੈਕਟੋਰੇਟ ਪੰਜਾਬ।